ਆਸਾ ਮਹਲਾ ੫ ਦੁਤੁਕੇ ੯ ॥ ਉਨ ਕੈ ਸੰਗਿ ਤੂ ਕਰਤੀ ਕੇਲ ॥ ਉਨ ਕੈ ਸੰਗਿ ਹਮ ਤੁਮ ਸੰਗਿ ਮੇਲ ॥ ਉਨ੍ ਕੈ ਸੰਗਿ ਤੁਮ ਸਭੁ ਕੋਊ ਲੋਰੈ ॥ ਓਸੁ ਬਿਨਾ ਕੋਊ ਮੁਖੁ ਨਹੀ ਜੋਰੈ ॥੧॥ ਤੇ ਬੈਰਾਗੀ ਕਹਾ ਸਮਾਏ ॥ ਤਿਸੁ ਬਿਨੁ ਤੁਹੀ ਦੁਹੇਰੀ ਰੀ ॥ ੧॥ ਰਹਾਉ ॥ ਉਨ੍ ਕੈ ਸੰਗਿ ਤੂ ਗ੍ਰਿਹ ਮਹਿ ਮਾਹਰਿ ॥ ਉਨ੍ ਕੈ ਸੰਗਿ ਤੂ ਹੋਈ ਹੈ ਜਾਹਰਿ ॥ ਉਨ੍ ਕੈ ਸੰਗਿ ਤੂ ਰਖੀ ਪਪੋਲਿ ॥ ਓਸੁ ਬਿਨਾ ਤੂੰ ਛੁਟਕੀ ਰੋਲਿ ॥ ੨॥ ਉਨ੍ ਕੈ ਸੰਗਿ ਤੇਰਾ ਮਾਨੁ ਮਹਤੁ ॥ ਉਨ੍ ਕੈ ਸੰਗਿ ਤੁਮ ਸਾਕੁ ਜਗਤੁ ॥ ਉਨ੍ ਕੈ ਸੰਗਿ ਤੇਰੀ ਸਭ ਬਿਧਿ ਥਾਟੀ ॥ ਓਸੁ ਬਿਨਾ ਤੂੰ ਹੋਈ ਹੈ ਮਾਟੀ ॥ ੩॥ ਓਹੁ ਬੈਰਾਗੀ ਮਰੈ ਨ ਜਾਇ ॥ ਹੁਕਮੇ ਬਾਧਾ ਕਾਰ ਕਮਾਇ ॥ ਜੋੜਿ ਵਿਛੋੜੇ ਨਾਨਕ ਥਾਪਿ ॥ ਅਪਨੀ ਕੁਦਰਤਿ ਜਾਣੈ ਆਪਿ ॥ ੪॥੩੧॥੮੨॥

{ਪੰਨਾ 390}

ਪਦਅਰਥ:- ਉਨ ਕੈ ਸੰਗਿ—ਉਸ ਜੀਵਾਤਮਾ ਦੀ ਸੰਗਤਿ ਵਿਚ। ਕੇਲ—ਚੋਜ-ਤਮਾਸ਼ੇ। ਹਮ ਤੁਮ ਸੰਗਿ—ਸਭਨਾਂ ਨਾਲ। ਲੋਰੈ—ਲੋੜਦਾ ਹੈ, ਮਿਲਣਾ ਚਾਹੁੰਦਾ ਹੈ। ਸਭ ਕੋਊ—ਹਰ ਕੋਈ। ਜੋਰੈ—ਜੋੜਦਾ।1।

ਤੇ ਬੈਰਾਗੀ—ਉਹ ਜੀਵਾਤਮਾ ਪੰਛੀ। ਦੁਹੇਰੀ—ਦੁੱਖੀ। ਰੀ—ਹੇ ਕਾਇਆਂ!।1। ਰਹਾਉ।

ਮਾਹਰਿ—ਸਿਆਣੀ। ਪਪੋਲਿ—ਪਾਲ ਕੇ। ਤੂੰ—ਤੈਨੂੰ। ਰੋਲਿ—ਰੁਲ ਗਈ। ਛੁਟਕੀ—ਛੁੱਟੜ।2।

ਮਹਤੁ—ਵਡਿਆਈ। ਸਭ ਬਿਧਿ—ਹਰੇਕ ਤਰੀਕੇ ਨਾਲ। ਤੇਰੀ ਥਾਟੀ—ਤੇਰੀ ਬਣਤਰ ਕਾਇਮ ਰੱਖੀ ਜਾਂਦੀ ਹੈ, ਤੇਰੀ ਹਰ ਤਰ੍ਹਾਂ ਪਾਲਣਾ ਕੀਤੀ ਜਾਂਦੀ ਹੈ।3।

ਬੈਰਾਗੀ—ਚਲੇ ਜਾਣ ਵਾਲਾ ਜੀਵਾਤਮਾ। ਜੋੜਿ—ਜੋੜ ਕੇ। ਥਾਪਿ—ਥਾਪ ਕੇ।4।

ਅਰਥ:- ਹੇ ਕਾਂਇਆਂ! ਉਸ (ਜੀਵਾਤਮਾ) ਤੋਂ ਬਿਨਾ ਤੂੰ ਦੁੱਖੀ ਹੋ ਜਾਂਦੀ ਹੈਂ। ਪਤਾ ਨਹੀਂ ਲੱਗਦਾ ਉਹ ਜੀਵਾਤਮਾ ਤੈਥੋਂ ਉਪਰਾਮ ਹੋ ਕੇ ਕਿੱਥੇ ਚਲਾ ਜਾਂਦਾ ਹੈ।1। ਰਹਾਉ।

ਹੇ ਕਾਂਇਆਂ! ਜੀਵਾਤਮਾ ਦੀ ਸੰਗਤਿ ਵਿਚ ਰਹਿ ਕੇ ਤੂੰ (ਕਈ ਤਰ੍ਹਾਂ ਦੇ) ਚੋਜ-ਤਮਾਸ਼ੇ ਕਰਦੀ ਰਹਿੰਦੀ ਹੈਂ, ਸਭਨਾਂ ਨਾਲ ਤੇਰਾ ਮੇਲ-ਮਿਲਾਪ ਬਣਿਆ ਰਹਿੰਦਾ ਹੈ, ਹਰ ਕੋਈ ਤੈਨੂੰ ਮਿਲਣਾ ਚਾਹੁੰਦਾ ਹੈ ਪਰ ਉਸ ਜੀਵਾਤਮਾ ਦੇ ਮਿਲਾਪ ਤੋਂ ਬਿਨਾ ਤੈਨੂੰ ਕੋਈ ਮੂੰਹ ਨਹੀਂ ਲਾਂਦਾ।1।

ਹੇ ਕਾਂਇਆਂ! ਜਿਤਨਾ ਚਿਰ ਤੂੰ ਜੀਵਾਤਮਾ ਦੇ ਨਾਲ ਸੈਂ ਤੂੰ ਸਿਆਣੀ (ਸਮਝੀ ਜਾਂਦੀ ਹੈ, ਹਰ ਥਾਂ) ਤੂੰ ਉਜਾਗਰ ਹੁੰਦੀ ਹੈਂ, ਤੈਨੂੰ ਪਾਲ-ਪੋਸ ਕੇ ਰੱਖੀਦਾ ਹੈ। ਪਰ ਜਦੋਂ ਉਹ ਜੀਵਾਤਮਾ ਚਲਾ ਜਾਂਦਾ ਹੈ ਤਾਂ ਤੂੰ ਛੁੱਟੜ ਹੋ ਜਾਂਦੀ ਹੈਂ ਰੁਲ ਜਾਂਦੀ ਹੈਂ।2।

ਹੇ ਕਾਂਇਆਂ! ਜੀਵਾਤਮਾ ਦੇ ਨਾਲ ਹੁੰਦਿਆਂ ਤੇਰਾ ਆਦਰ-ਮਾਣ ਹੁੰਦਾ ਹੈ ਤੈਨੂੰ ਵਡਿਆਈ ਮਿਲਦੀ ਹੈ, ਸਾਰਾ ਜਗਤ ਤੇਰਾ ਸਾਕ-ਸਨਬੰਧੀ ਜਾਪਦਾ ਹੈ, ਤੇਰੀ ਹਰ ਤਰ੍ਹਾਂ ਪਾਲਣਾ ਕੀਤੀ ਜਾਂਦੀ ਹੈ। ਪਰ ਜਦੋਂ ਉਸ ਜੀਵਾਤਮਾ ਤੋਂ ਤੂੰ ਵਿਛੁੜ ਜਾਂਦੀ ਹੈਂ ਤਦੋਂ ਤੂੰ ਮਿੱਟੀ ਵਿਚ ਰੁਲ ਜਾਂਦੀ ਹੈਂ।3।

ਹੇ ਨਾਨਕ! (ਆਖ—ਜੀਵਾਤਮਾ ਦੇ ਕੀਹ ਵੱਸ? ਪਰਮਾਤਮਾ) ਮਨੁੱਖ ਸਰੀਰ ਬਣਾ ਕੇ (ਜੀਵਾਤਮਾ ਤੇ ਕਾਂਇਆਂ ਦਾ ਜੋੜ ਜੋੜਦਾ ਹੈ) ਜੋੜ ਕੇ ਫਿਰ ਵਿਛੋੜ ਵੀ ਦੇਂਦਾ ਹੈ। ਕਾਂਇਆਂ ਵਿਚੋਂ ਉਪਰਾਮ ਹੋ ਕੇ ਤੁਰ ਜਾਣ ਵਾਲਾ ਜੀਵਾਤਮਾ (ਆਪਣੇ ਆਪ) ਨਾਹ ਮਰਦਾ ਹੈ ਨਾਹ ਜੰਮਦਾ (ਉਹ ਤਾਂ ਪਰਮਾਤਮਾ ਦੇ) ਹੁਕਮ ਵਿਚ ਬੱਝਾ ਹੋਇਆ (ਕਾਂਇਆਂ ਵਿਚ ਆਉਣ ਤੇ ਫਿਰ ਇਸ ਵਿਚੋਂ ਚਲੇ ਜਾਣ ਦੀ) ਕਾਰ ਕਰਦਾ ਹੈ। (ਜੀਵਾਤਮਾ ਤੇ ਕਾਂਇਆਂ ਨੂੰ ਜੋੜਨ ਵਿਛੋੜਨ ਦੀ) ਆਪਣੀ ਅਜਬ ਖੇਡ ਨੂੰ ਪਰਮਾਤਮਾ ਆਪ ਹੀ ਜਾਣਦਾ ਹੈ।4। 31। 82।